| ਇਸ਼ਤਿਹਾਰ ਨੰ: |
|---|
| 18 ਆਫ 2022 |

# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ
## ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ।

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:-**

**ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** **19-12-2022**

**ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** **20-12-2022**

**ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** **30-12-2022 (ਸ਼ਾਮ 5:00 ਵਜੇ ਤੱਕ)**

**ਫੀਸ ਭਰਨ ਦੀ ਆਖਰੀ ਮਿਤੀ:** **02-01-2023**

## ਜਾਣ -ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

ਪੰਜਾਬ ਸਰਕਾਰ ਦੇ ਦਫਤਰ ਵੱਖ-ਵੱਖ ਵਿਭਾਗਾਂ ਤੋਂ ਗਰੁੱਪ-ਸੀ ਦੀਆਂ ਅਸਾਮੀਆਂ ਲਈ ਪ੍ਰਾਪਤ ਮੰਗ ਪੱਤਰ ਅਤੇ ਅਸਾਮੀਆਂ ਦਾ ਵਰਗੀਕਰਨ ਅਨੁਸਾਰ ਹੇਠ ਦਰਸਾਏ ਵਿਭਾਗਾਂ ਦੀਆਂ ਵੱਖੋ-ਵੱਖਰੀਆਂ ਅਸਾਮੀਆਂ ਦੀ ਭਰਤੀ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ 20/12/2022 ਤੋਂ 30/12/2022 ਸ਼ਾਮ 05-00 ਵਜੇ ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

## ਵਿਸਥਾਰਪੂਰਵਕ ਸੂਚਨਾ

**1. ਅਸਾਮੀਆਂ ਦਾ ਸ੍ਰੇਣੀ ਵਾਈਜ਼ ਵਰਗੀਕਰਨ ਹੇਠ ਲਿਖੇ ਅਨੁਸਾਰ ਹੈ :-**

**(I) ਵਿਭਾਗ ਦਾ ਨਾਮ: ਡਾਇਰੈਕਟਰ, ਖਜਾਨਾ ਤੇ ਲੇਖਾ ਸ਼ਾਖਾ , ਵਿੱਤ ਵਿਭਾਗ।**

| ਲੜੀ ਨੰ: | ਸ੍ਰੇਣੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਕਾਲਮ (c) ਵਿੱਚ ਦਰਸਾਈਆਂ ਅਸਾਮੀਆਂ ਵਿੱਚ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ |
|---|---|---|---|
| (a) | (b) | (c) | (d) |
| (A) ਅਸਾਮੀ ਦਾ ਨਾਮ:-ਸਹਾਇਕ ਖਜਾਨਚੀ (ਕੁੱਲ ਅਸਾਮੀਆਂ 53) | | | |
| 1 | GENERAL | 21 | 06 |
| 2 | Economically Weaker Section E.W.S. | 05 | 02 |
| 3 | S.C. (Mazhbi & Balmiki) | 07 | 03 |
| 4 | S.C. (Ramdasia & Others) | 06 | 02 |
| 5 | Backward Class | 02 | 01 |

| | | | |
|---|---|---|---|
| 6 | Ex-Serviceman General (Self) | 04 | 02 |
| 7 | Ex-Serviceman General (Dependant) | | |
| 8 | Ex-Serviceman-S.C.(Mazbhi & Balmiki) (Self) | 01 | 0 |
| 9 | Ex-Serviceman-S.C.(Mazbhi & Balmiki) (Dependant) | | |
| 10 | Ex-Serviceman-S.C.(Ramdasia & Others) (Self) | 01 | 0 |
| 11 | Ex-Serviceman-S.C.(Ramdasia & Others) (Dependant) | | |
| 12 | Ex-Serviceman-Backward Class (Self) | 01 | 0 |
| 13 | Ex-Serviceman-Backward Class (Dependant) | | |
| 14 | Sports –General | 01 | 01 |
| 15 | Sports S.C.(Mazbhi & Balmiki) | 01 | 0 |
| 16 | Deaf and Hard of Hearing Disability | 01 | 0 |
| 17 | Intellectually / Multiple Disability | 01 | 0 |
| 18 | Freedom Fighter | 01 | 0 |
| | Total | 53 | 17 |

**(II) ਵਿਭਾਗ ਦਾ ਨਾਮ: ਡਾਇਰੈਕਟੋਰੇਟ , ਸਭਿਆਚਾਰਕ ਮਾਮਲੇ, ਪੁਰਾਤੱਤਵ ਅਤੇ ਅਜਾਇਬਘਰ ਪੰਜਾਬ।**

**(ੳ) ਸਭਿਆਚਾਰਕ ਮਾਮਲੇ ਵਿਭਾਗ:-**

| ਲੜੀ ਨੰ: | ਸ੍ਰੇਣੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਕਾਲਮ (c) ਵਿੱਚ ਦਰਸਾਈਆਂ ਅਸਾਮੀਆਂ ਵਿੱਚ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ |
|---|---|---|---|
| (a) | (b) | (C) | (d) |
| (A) ਅਸਾਮੀ ਦਾ ਨਾਮ:-ਗੈਲਰੀ ਸਹਾਇਕ (ਕੁੱਲ ਅਸਾਮੀਆਂ- 07) | | | |
| 1 | GENERAL | 01 | 01 |
| 2 | EWS | 01 | 01 |
| 3 | SC (M&B) | 01 | 0 |
| 4 | SC (R&O) | 01 | 01 |
| 5 | BC | 01 | 01 |
| 6 | ESM (GEN) | 01 | 0 |
| 7 | PHYSICALLY HANDICAPPED Ortho | 01 | 01 |
| (B) ਅਸਾਮੀ ਦਾ ਨਾਮ:-ਫੀਲਡ ਆਰਟਿਸਟ (ਕੁੱਲ ਅਸਾਮੀਆਂ- 01) | | | |

| | | | |
|---|---|---|---|
| 1 | GENERAL | 01 | 0 |
| (C) ਅਸਾਮੀ ਦਾ ਨਾਮ:-ਟੈਕਸੀ ਡਰਮਿਸਟ (ਕੁੱਲ ਅਸਾਮੀਆਂ- 01) | | | |
| 1 | GENERAL | 01 | 0 |

**(ਅ) ਸਭਿਆਚਾਰਕ ਮਾਮਲੇ ਵਿਭਾਗ:-ਪੁਰਾਲੇਖ ਵਿਭਾਗ**

| ਲੜੀ ਨੰ: | ਸ੍ਰੇਣੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਕਾਲਮ C ਵਿੱਚ ਦਰਸਾਈਆਂ ਅਸਾਮੀਆਂ ਵਿੱਚ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ |
|---|---|---|---|
| (a) | (b) | (C) | (d) |
| (A) ਅਸਾਮੀ ਦਾ ਨਾਮ:-ਕੈਟਾਲਾਗਰ (ਕੁੱਲ ਅਸਾਮੀਆਂ- 01) | | | |
| 1 | GENERAL | 01 | 0 |
| (B) ਅਸਾਮੀ ਦਾ ਨਾਮ:- ਜਿਲਦਸਾਜ (ਕੁੱਲ ਅਸਾਮੀਆਂ- 04) | | | |
| 1 | GENERAL | 03 | 01 |
| 2 | SC (R&O) | 01 | 01 |
| (C) ਅਸਾਮੀ ਦਾ ਨਾਮ:- ਜੂਨੀਅਰ ਤਕਨੀਕੀ ਸਹਾਇਕ (ਕੁੱਲ ਅਸਾਮੀਆਂ- 01) | | | |
| 1 | GENERAL | 01 | 0 |

**(III) ਵਿਭਾਗ ਦਾ ਨਾਮ: ਡਾਇਰੈਕਟਰ, ਖੇਤੀਬਾੜੀ ਕਿਸਾਨ ਭਲਾਈ ਵਿਭਾਗ।**

| ਲੜੀ ਨੰ: | ਸ੍ਰੇਣੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਕਾਲਮ ( C ) ਵਿੱਚ ਦਰਸਾਈਆਂ ਅਸਾਮੀਆਂ ਵਿੱਚ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ |
|---|---|---|---|
| (a) | (b) | (c) | (d) |
| (a) ਅਸਾਮੀ ਦਾ ਨਾਮ:- ਲਬਾਰਟਰੀ ਸਹਾਇਕ (ਕੁੱਲ ਅਸਾਮੀਆਂ 09) | | | |
| 1 | GENERAL | 01 | 00 |
| 2 | Economically Weaker Section E.W.S. | 01 | 00 |
| 3 | S.C. (Mazhbi & Balmiki) | 01 | 00 |
| 4 | S.C. (Ramdasia & Others) | 01 | 01 |
| 5 | Backward Class | 04 | 01 |
| 6 | Ex-Serviceman-Backward Class (Self) | 01 | 00 |
| 7 | Ex-Serviceman-Backward Class (Dependant) | | |
| (b) ਅਸਾਮੀ ਦਾ ਨਾਮ:- ਖੇਤੀਬਾੜੀ ਉਪ ਨਿਰੀਖਕ (ਕੁੱਲ ਅਸਾਮੀਆਂ 150) | | | |
| 1 | GENERAL | 59 | 17 |
| 2 | Economically Weaker Section E.W.S. | 15 | 03 |
| 3 | S.C. (Mazhbi & Balmiki) | 15 | 06 |

| | | | |
|---|---|---|---|
| 4 | S.C.<br>(Ramdasia & Others) | 15 | 06 |
| 5 | Backward Class | 15 | 07 |
| 6 | Ex-Serviceman-General (Self) | 05 | 00 |
| 7 | Ex-Serviceman-General (Dependant) | | |
| 8 | Ex-Serviceman-SC (M&B) (Self) | 05 | 02 |
| 9 | Ex-Serviceman-SC (M&B) (Dependant) | | |
| 10 | Ex-Serviceman-SC (R&O) (Self) | 07 | 03 |
| 11 | Ex-Serviceman-SC (R&O) (Dependant) | | |
| 12 | Ex-Serviceman-BC(Self) | 03 | 00 |
| 13 | Ex-Serviceman-BC(Dependant) | | |
| 14 | Sports (General) | 02 | 01 |
| 15 | Sports (R&O) | 01 | 00 |
| 16 | Physically Handicapped (Ortho) | 02 | 01 |
| 17 | Physically Handicapped (Visual Impaired) | 02 | 01 |
| 18 | Physically Handicapped (Hearing Impaired) | 01 | 00 |
| 19 | Physically Handicapped (I.D/M.D)) | 01 | 00 |
| 20 | Freedom Fighter | 02 | 01 |

ਨੋਟ:

(i) ਉਕਤ ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਤੋਂ ਪ੍ਰਾਪਤ ਹੋਏ ਮੰਗ ਪੱਤਰ ਅਨੁਸਾਰ ਹੈ , ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾਂ/ਫੈਸਲੇ ਦੇ ਸਨਮੁੱਖ ਤਬਦੀਲ ਵੀ ਕੀਤਾ ਜਾ ਸਕਦਾ ਹੈ ।

(ii) ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਇਹ ਅਸਾਮੀਆਂ ਘਟਾਈਆਂ/ਵਧਾਈਆਂ ਜਾ ਖਾਰਜ ਵੀ ਕੀਤੀਆਂ ਜਾ ਸਕਦੀਆਂ ਹਨ।

(iii) ਸ਼੍ਰੇਣੀ ਕੋਡ (Category Code) ਇੰਨਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਲਿਖੇ ਅਨੁਸਾਰ ਹਨ। ਉਮੀਦਵਾਰਾਂ ਵੱਲੋਂ ਆਨਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ।

| ਲੜੀ ਨੰ: | ਸ਼੍ਰੇਣੀ | ਸ਼੍ਰੇਣੀ(Category)ਦਾ ਨਾਮ | ਕੋਡ (Code) |
|---|---|---|---|
| 1 | GEN | ਜਨਰਲ | 101 |

| | | | |
|---|---|---|---|
| 2 | EWS (GEN) | ਆਰਥਿਕ ਤੌਰ ਤੇ ਕਮਜੋਰ ਵਰਗ | 102 |
| 3 | S.C (M&B) | ਅਨੁਸੂਚਿਤ ਜਾਤੀ (ਮਜਬੀ ਬਾਲਮਿਕੀ) | 103 |
| 4 | S.C (R&O) | ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ ) | 104 |
| 5 | BC | ਪਛੜੀ ਸ਼੍ਰੇਣੀ | 105 |
| 6 | ESM GENERAL (SELF) | ਸਾਬਕਾ ਫੌਜੀ (ਜਨਰਲ) (ਖੁਦ) | 106 |
| 7 | ESM GENERAL (DEPENDENT) | ਸਾਬਕਾ ਫੌਜੀ (ਜਨਰਲ) (ਅਸ਼ਰਿਤ) | 107 |
| 8 | ESM (SC) (M&B) (SELF) | ਸਾਬਕਾ ਫੌਜੀ (ਐਸ.ਸੀ./ਐਮ.ਬੀ.) (ਖੁਦ) | 108 |
| 9 | ESM (SC) (M&B) (DEPENDENT) | ਸਾਬਕਾ ਫੌਜੀ (ਐਸ.ਸੀ./ਐਮ.ਬੀ.) (ਅਸ਼ਰਿਤ) | 109 |
| 10 | ESM (SC) (R&O) (SELF) | ਸਾਬਕਾ ਫੌਜੀ (ਐਸ.ਸੀ./ਆਰ.ਓ) (ਖੁਦ) | 110 |
| 11 | ESM (SC) (R&O) (DEPENDENT) | ਸਾਬਕਾ ਫੌਜੀ (ਐਸ.ਸੀ./ਆਰ.ਓ) (ਅਸ਼ਰਿਤ) | 111 |
| 12 | ESM (BC) (SELF) | ਸਾਬਕਾ ਫੌਜੀ (ਪਛੜੀ ਸ਼੍ਰੇਣੀ) (ਖੁਦ) | 112 |
| 13 | ESM (BC) (DEPENDENT) | ਸਾਬਕਾ ਫੌਜੀ (ਪਛੜੀ ਸ਼੍ਰੇਣੀ) (ਅਸ਼ਰਿਤ) | 113 |
| 14 | SPORTS –GENERAL | ਖਿਡਾਰੀ ਜਨਰਲ | 114 |
| 15 | SPORTS –(SC) (M&B) | ਖਿਡਾਰੀ (ਐਸ.ਸੀ./ਐਮ.ਬੀ.) | 115 |
| 16 | SPORTS –(SC) (R&O) | ਖਿਡਾਰੀ (ਐਸ.ਸੀ./ਐਮ.ਬੀ.) | 116 |
| 17 | PHYSICAL HANDICAPED (ORTHO) | fdftnKriB (nkoE') | 117 |
| 18 | PHYSICAL HANDICAPED (VH) | ਦਿਵੀਆਂਗਜਨ (ਨੇਤਰਹੀਣ/ਅੰਸ਼ਿਕ ਨੇਤਰਹੀਣ) | 118 |
| 19 | PHYSICAL HANDICAPED (HH) | ਦਿਵੀਆਂਗਜਨ (ਗੂੰਗੇ ਤੇ ਬੋਲੇ) | 119 |
| 20 | PHYSICAL HANDICAPED (MI or MD) | ਦਿਵੀਆਂਗਜਨ (Mental illness or Multiple disabllity) | 120 |
| 21 | FREEDOM FIGHTER | ਸਵਤੰਤਰਤਾ ਸੰਗਰਾਮੀ | 121 |

**2. ਉਪਰੋਕਤ ਅਸਾਮੀਆਂ ਲਈ ਉਮੀਦਵਾਰ ਕੋਲ ਡਾਇਰੈਕਟਰ ਖਜਾਨਾ ਤੇ ਲੇਖਾ, ਵਿੱਤ ਵਿਭਾਗ ਲਈ The Punjab Treasuries (State Service) Class (III) Service, Rules 1979 and (Amendment), Rules 1988, ਅਤੇ ਡਾਇਰੈਟੋਰੇਟ, ਸਭਿਆਚਾਰਕ ਮਾਮਲੇ, ਪੁਰਾਤੱਤਵ ਅਤੇ ਅਜਾਇਬਘਰ ਪੰਜਾਬ ਲਈ The Punjab Cultural Affairs, Archaeology and Museums, Rules 2001 ਅਨੁਸਾਰ ਵਿੱਦਿਅਕ ਯੋਗਤਾ (Educational Qualification) ਹੇਠ ਲਿਖੇ ਅਨੁਸਾਰ ਹੈ :-**

**(A) ਵਿਭਾਗ ਦਾ ਨਾਮ: ਡਾਇਰੈਕਟਰ, ਖਜਾਨਾ ਤੇ ਲੇਖਾ ਸ਼ਾਖਾ , ਵਿੱਤ ਵਿਭਾਗ।**

| **ਲੜੀ ਨੰ:** | **ਅਸਾਮੀ ਦਾ ਨਾਮ** | **ਵਿੱਦਿਅਕ ਯੋਗਤਾ (Educational Qualification)/ਤਕਨੀਕੀ ਯੋਗਤਾ (Technical Educational)** |
|---|---|---|
| **1** | ਸਹਾਇਕ ਖਜਾਨਚੀ (53 ਅਸਾਮੀਆਂ) | i) First class Matriculate or a Graduate of a recognized University with Mathematics as one of the subject at the Matriculation level.<br><br>ii) Preference shall be given to a person having an experience of handling cash or stamps in a bank or post office or any Government office for a minimum period of One year. |

**(B) ਵਿਭਾਗ ਦਾ ਨਾਮ: ਡਾਇਰੈਕਟਰ,ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ।**

| ਲੜੀ ਨੰ. | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ (Educational Qualitication)/ਤਕਨੀਕੀ ਯੋਗਤਾ (Technical Educational) |
|---|---|---|
| 1. (ਸਭਿਆਚਾਰਕ ਮਾਮਲੇ ਵਿਭਾਗ) | ਗੈਲਰੀ ਸਹਾਇਕ | i) Should be Graduate in History (Hons) from recognized university.<br>**Note:-**<br>Candidate will have to undergo at least 6 months training in relevant field at his own cost at any Government/Semi Government/Government Funded Institute as decided by the Department of Cultural Affairs, Punjab. Employee will be granted extraordinary leave for the training period and will be paid stipend as decided by the Competent Authority equivalent to 20% of basic pay. |
| | ਫੀਲਡ ਆਰਟਿਸਟ | Should be Graduate in Music or Drama or Dance from a recognized university. |
| | ਟੈਕਸੀ ਡਰਮਿਸਟ | B.Sc in Zoology (Hons) from a recognized university.<br>**Note:-**<br>Candidate will have to undergo at least 6 months training in the relevant field at his own cost at any Government/Semi Government/Government Funded Institute as decided by the Department of Cultural Affairs, Punjab. Employee will be granted extraordinary leave for the training period and will be paid stipend as decided by the Competent Authority equivalent to 20% of basic pay. |
| 2. (ਪੁਰਾਲੇਖ ਵਿਭਾਗ) | ਕੈਟਾਲਾਗਰ | i) Should be a Graduate from a recognized university; and<br>ii) Should have done certificate course of Persian or Urdu language from recognized university<br>and<br>iii) Possess at least one hundred and twenty hours course with hands on experience in the use of personal Computer or Information Technology in Office Productivity applications or |

| | | |
|---|---|---|
| | | Desktop Publishing applications from a Government recognized institution or a reputed institution, which is ISO 9001, certified<br>OR<br>Possess a Computer Information Technology course equivalent to 'O' Level certificate of Department of Electronics Accrediations of Computer Course (DOEACC) of Government of India. |
| | ਜਿਲਦਸਾਜ | Should be a Graduate from a recognized university; and The Successful candidate will have to undergo at least one month training/course of binding work at his own cost at any Government/Semi Government/Government Funded Institute as decided by the Department of Archives, Punjab. Employee will be granted extraordinary leave for the training period and will be paid stipend as decided by the Competent Authority equivalent to 20% of basic pay. |
| | ਜੂਨੀਅਰ ਤਕਨੀਕੀ ਸਹਾਇਕ | i) Should be a Graduate from a recognized university; and<br>ii) Should have done certificate course of Persian or Urdu language from recognized university and:<br>iii) Possesses at least one hundred and twenty hours course with hands on experience in the use of Personal Computer or Information Technology in Office Productivity applications or Desktop Publishing applications from a Government recognized institution or a reputed institution, which is ISO 9001, certified<br>OR<br>Possesses a Computer Information Technology course equivalent to 'O' Level Certificate of Department of Electronics Accreditation of Computer Course (DOEACC) of Government of India. |

**(C) ਵਿਭਾਗ ਦਾ ਨਾਮ: ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ।**

| ਲੜੀ ਨੰ. | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ (Educational Qualitication)/ਤਕਨੀਕੀ ਯੋਗਤਾ (Technical Educational) |
|---|---|---|
| 1. | ਲਬਾਰਟਰੀ ਸਹਾਇਕ | a) Should have passed the Senior Secondary Part II Examination in Science discipline from a recognized University or Institution. |
| | ਖੇਤੀਬਾੜੀ ਉਪ ਨਿਰੀਖਕ | a) Should have passed the Senior Secondary Part II Examination from a recognized University or Institution and should possess two years Diploma in Agricultrure from the Punjab Agriculture University ; or<br>b) Should possess Bachelor's Degree in Agriculture from a recognized University or Institution. |

ਨੋਟ:- (A) ਉਪਰ ਦਰਸਾਈਆ ਅਸਾਮੀਆਂ ਲਈ Punjab Civil Services (General and Common Condition of Services) Rules, 1994,ਦੇ ਨਿਯਮ 17 ਤਹਿਤ ਦਸਵੀਂ ਪੱਧਰ ਦੇ ਪੰਜਾਬੀ ਜਾਂ ਇਸ ਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ :-

"***17.Knowledge of Punjabi Language****-No Person shall be appointed to any Matriculation examination with Punjabi as one of the compulsory or elective subject or any other equivalent examination in Punjabi language which may be specified by the Government from time to time.*"

(B)ਉਪਰੋਕਤ ਅਸਾਮੀਆ ਦੀ ਭਰਤੀ ਸੰਬਧੀ ਪੰਜਾਬ ਵਿਸ਼ੇ ਵਿਚ ਯੋਗਤਾ ਪੰਜਾਬ ਸਰਕਾਰ ਦੀ Notification titled as The Punjab Civil Services (General and Common Conditions of Service) Rule, 2022 ਨੰਬਰ G.S.R.72/Const/Art.309/Amd.(22)/2022 ਮਿਤੀ 28/10/2022 ਅਨੁਸਾਰ ਹੋਵੇਗੀ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ :-

"*Provided that no person shall be appointed to any post in Group- 'C' service unless he has passed a qualifying test of Punjabi Language equivalent to Matriculation standard with at least fifty per cent marks to be conducted by respective recruitment agencies in addition to competitive examination.The test of Punjabi Language shall be a mandatory qualifying test and failure to secure a minimum of fifty per cent marks in Punjabi Language will disqualify the candidate for being considered in the final merit list of candidates to be selected irrespective of their scores or marks in the other papers of the respective exam:.*

(C) ਉਮਦੀਵਾਰ ਆਨਲਾਈਨ ਅਪਲਾਈ ਕਰਨ ਤੋਂ ਪਹਿਲਾਂ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਪੂਰੀਆਂ ਕਰਦਾ ਹੋਵੇ।

**3. ਰਾਖਵਾਂਕਰਨ /Reservation ਸਬੰਧੀ ਮਹੱਤਵਪੂਰਨ ਹਦਾਇਤਾਂ:-**

(i) ਉਪਰੋਕਤ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਕੀਤੀ ਗਈ। ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ /ਸ਼੍ਰੇਣੀ ਕੋਡ ਦੇ ਵਿਰੁਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ –ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਅਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਕੌਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿਚ 5 ਸਾਲ ਤੋਂ ਪੁਰਾਣ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ੍ਰੇਣੀ/ਸਾਬਕਾ ਫੌਜੀ/ਅੰਗਹੀਣ /ਖਿਡਾਰੀ ਸ੍ਰੇਣੀ/ ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਊਂਸਲਿੰਗ ਸਮੇ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ੍ਰੇਣੀ ਨਾਲ ਸੰਬਧਤ ਹਰ ਤਰਾਂ ਦਾ ਪੁਖਤਾ (Valid) ਸਾਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਊਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰੀਆਂ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

**ਨੋਟ:-**

(i) ESM ਦੀ ਅਸਾਮੀ ESM (Self) ਉਮੀਦਵਾਰਾਂ ਵਿੱਚੋਂ ਹੀ ਭਰੀ ਜਾਵੇਗੀ । ESM (Self) ਉਮੀਦਵਾਰ ਉਪਲੱਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀ ESM (Dependent ) ਉਮੀਦਵਾਰਾਂ ਵਿੱਚੋਂ ਭਰੀ ਜਾਵੇਗੀ।

(ii) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ **08.05.2020** ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ **:-**

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

*"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."*

(iii) ਉਪਰੋਕਤ ਰਾਖਵਾਂਕਰਨ ਅਤੇ ਸ੍ਰੇਣੀ-ਵਾਈਜ਼ ਵਰਗੀਕਰਨ ਸੰਬਧਤ ਵਿਭਾਗ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰਾਂ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸੰਬਧਤ ਵਿਭਾਗ ਵੱਲੋਂ ਭਵਿੱਖ ਵਿਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲਿਆ ਜਾਦਾ ਹੈ ਜਾਂ ਉਪਰੋਕਤ ਦਰਸਾਏ ਸ੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸੰਬਧੀ Corrigendum/notice ਜਾਰੀ ਕਰਦੇ ਹੋਏ ਰਾਖਵਾਂਕਰਨ ਅਤੇ ਸ੍ਰੇਣੀ-ਵਾਈਜ਼ ਵਰਗੀਕਰਨ ਵਿਚ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾਂ ਕਰਨਾ ਯਕੀਨੀ ਬਣਾਏਗਾ ।

(iv) ਉਪਰੋਕਤ ਅਸਾਮੀਆ ਦੀ ਭਰਤੀ ਪੰਜਾਬ ਸਰਕਾਰ ਦੀ Notification titled as The Punjab Civil Services (Reservation of Posts for Women) Rule, 2020 ਨੰਬਰ G.s.r.87/Const/Art,309 and 15/2020 ਮਿਤੀ 21/10/2020 ਅਨੁਸਾਰ ਕੀਤੀ ਜਾਵੇਗੀ।

(iv) ਉਪਰੋਕਤ ਅਸਾਮੀਆ ਦੀ ਭਰਤੀ ਪੰਜਾਬ ਸਰਕਾਰ ਦੀਆਂ ਹਦਾਇਤਾਂ Reservation for Economically Weaker Sections (EWSs) In director recruitment in civil posts and services in the Government of Punjab, Letter No.1/3/2019-RC1/120, ਮਿਤੀ 28/05/2019 ਲਾਗੂ ਹੋਣਗਿਆਂ।

**4. ਇਨਾਂ ਅਸਾਮੀਆ ਦਾ ਤਨਖਾਹ ਸਕੇਲ ਹੇਠ ਦਰਸਾਏ ਅਨੁਸਾਰ ਹੈ:-**

| **ਵਿਭਾਗ ਦਾ ਨਾਮ** | **ਅਸਾਮੀ ਦਾ ਨਾਮ** | **ਤਨਖਾਹ ਸਕੇਲ** |
|---|---|---|
| **1. ਡਾਇਰੈਕਟਰ ਖਜਾਨਾ ਤੇ ਲੇਖਾ** | **ਸਹਾਇਕ ਖਜਾਨਚੀ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ.ਟੀ.ਏ.ਟੀ-ਸਿੱਧੀ ਭਰਤੀ/(2022/3845 ਮਿਤੀ 31.05.2022 ਦੇ ਸਨਮੁੱਖ Minimum Pay Admissible is Rs.25500/- (Level 4).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| **2. 1.ਡਾਇਰੈਕਟਰ, ਸਭਿਆਚਾਰਕ ਮਾਮਲੇ** | **ਗੈਲਰੀ ਸਹਾਇਕ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ.ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.29200/- (Level 5).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| | **ਫੀਲਡ ਆਰਟਿਸਟ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ. ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.25500/- (Level 4).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| **2.2.ਪੁਰਾਲੇਖ ਵਿਭਾਗ** | **ਟੈਕਸੀ ਡਰਮਿਸਟ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ. ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.19900/- (Level 2).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| | **ਕੈਟਾਲਾਗਰ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ. ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.29200/- (Level 5). |

| | | |
|---|---|---|
| | | 2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| | **ਜਿਲਦਸਾਜ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ. ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.19900/- (Level 2).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| | **ਜੂਨੀਅਰ ਤਕਨੀਕੀ ਸਹਾਇਕ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ. ਡਸਮ(ਅਮਲਾ)-01/7525 ਮਿਤੀ 02.12.2021 ਦੇ ਸਨਮੁੱਖ Minimum Pay Admissible is Rs.35400/- (Level 6).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| **3. ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ** | **ਲੈਬਾਰਟਰੀ ਸਹਾਇਕ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ.ਅ3(6)/7200 ਮਿਤੀ 21.11.2022 ਦੇ ਸਨਮੁੱਖ Minimum Pay Admissible is Rs.19900/- (Level 2).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |
| | **ਖੇਤੀਬਾੜੀ ਉਪ ਨਿਰੀਖਕ** | 1. ਵਿਭਾਗ ਤੋਂ ਪ੍ਰਾਪਤ ਪੱਤਰ ਨੰ.10-170(ਰੀਸਟ੍ਰਕਚਰਿੰਗ)/2022/ਅ3(2)/5928 ਮਿਤੀ 06.10.2022 ਦੇ ਸਨਮੁੱਖ Minimum Pay Admissible is Rs.25500/- (Level 4).<br>2. ਮੁੱਢਲੀ ਤਨਖਾਹ ਅਤੇ ਹੋਰ ਭੱਤਿਆ ਸਬੰਧੀ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦਾ ਪੱਤਰ ਨੰ. 07/204/2012-4ਐਫ.ਪੀ.1/66 ਮਿਤੀ 15.01.2015, 7/204/2015-4ਐਫ.ਪੀ.1/853793 ਮਿਤੀ 04.10.2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਈਆਂ ਹੋਰ ਹਦਾਇਤਾਂ ਲਾਗੂ ਹੋਣਗੀਆਂ। |

5. **ਉਮਰ ਸੀਮਾ:-** ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2022 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(II) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(III) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(IV) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(V) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਦੀ ਉਪਰਲੀ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਦੀ ਉਪਰਲੀ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(VI) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VII) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

**6. ਫੀਸ ਸਬੰਧੀ ਵੇਰਵਾ:-**

| | | |
|---|---|---|
| ਆਮ ਵਰਗ (GEN Category)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |
| ਦਿਵਿਆਂਗ (Physical Handicapped) | - | 500/- ਰੁ: |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

**7. ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ:-**

(i) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਲਈ ਜਾਏਗੀ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਚੋਣ ਵਿਧੀ ਦਾ ਪੈਟਰਨ (Pattern) ਬਾਅਦ ਵਿਚ ਬੋਰਡ ਦੀ ਵੈਬਸਾਈਟ ਤੇ ਪ੍ਰਕਾਸ਼ਿਤ ਕਰ ਦਿੱਤਾ ਜਾਵੇਗਾ। ਉਮੀਦਵਾਰਾਂ ਦੇ ਲਿਖਤੀ ਪ੍ਰੀਖਿਆ ਵਿਚ ਪ੍ਰਾਪਤ ਅੰਕਾਂ ਦੇ ਅਧਾਰ ਤੇ ਬਣੀ ਮੈਰਿਟ ਮੁਤਾਬਿਕ ਬੋਰਡ ਵੱਲੋਂ ਲਏ ਗਏ ਫੈਸਲੇ ਦੇ ਅਧਾਰ ਤੇ ਕਾਉਂਸਲਿੰਗ ਲਈ ਬੁਲਾਇਆ ਜਾਵੇਗਾ।

(ii) ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸੰਬਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸੰਬਧੀ ਉਮੀਦਵਾਰਾਂ ਦੀ ਗ੍ਰੇਜੂਏਸ਼ਨ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ

ਮੈਰਿਟ ਉਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ।

**ਨੋਟ :-** ਲਿਖਤੀ ਪ੍ਰੀਖਿਆ, ਉਮੀਦਵਾਰਾਂ ਦੀ ਕਾਉਂਸਲਿੰਗ ਅਤੇ ਹਰ ਤਰਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ, ਸੰਭਾਵਤ ਸਿਲੇਬਸ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈਬਸਾਈਟ https://www.sssb.punjab.gov.in/ ਤੇ ਹੀ ਅਪਲੋਡ (Upload) ਕੀਤੀ ਜਾਏਗੀ।ਇਸ ਕਰਕੇ ਉਮੀਦਵਾਰਾਂ ਵੱਲੋਂ (Latest updates) ਲਈ ਬੋਰਡ ਦੀ ਵੈਬਸਾਈਟ ਲਾਜ਼ਮੀ ਤੌਰ ਤੇ ਚੈਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

**8. ਅਪਲਾਈ ਕਰਨ ਦੀ ਵਿਧੀ:-**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 20/12/2022 ਤੋਂ 30/12/2022 ਸ਼ਾਮ 5:00 ਵਜੇ ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (instructions) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) **ਬਿਨੈਕਾਰ ਨੂੰ ਹਰ ਅਸਾਮੀ ਲਈ ਵੱਖਰਾ ਆਨਲਾਈਨ ਫਾਰਮ ਅਤੇ ਵੱਖਰੀ ਫੀਸ ਭਰਨੀ ਹੋਵੇਗੀ ਭਾਵ ਜੇਕਰ ਕੋਈ ਬਿਨੈਕਾਰ ਦੋ/ਤਿੰਨ/ਚਾਰ ਅਸਾਮੀਆਂ ਲਈ ਅਪਲਾਈ ਕਰਨਾ ਚਾਹੁੰਦਾ ਹੈ ਤਾਂ ਉਸਨੂੰ ਦੋ/ਤਿੰਨ/ਚਾਰ ਵੱਖਰੇ ਆਨਲਾਈਨ ਫਾਰਮ ਸਬਮਿਟ ਕਰਨੇ ਹੋਣਗੇ ਅਤੇ ਹਰ ਫਾਰਮ ਦੀ ਵੱਖਰੀ ਫੀਸ ਅਦਾ ਕਰਨਾ ਹੋਵੇਗੀ। ।**

(IV) ਉਮੀਦਵਾਰ ਅਸਾਮੀ ਦੀ ਚੋਣ ਕਰਨ ਉਪਰੰਤ ਸਭ ਤੋਂ ਪਹਿਲਾਂ ਨਿੱਜੀ ਅਤੇ ਵਿਦਿਅਕ ਜਾਣਕਾਰੀ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(V) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਬਾਰਵੀਂ ਦਾ ਸਰਟੀਫਿਕੇਟ ਅਤੇ ਗਰੈਜੂਏਸ਼ਨ ਸਰਟੀਫਿਕੇਟ ਆਦਿ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application Form submit ਹੋਣ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੇ ਦਿਨ ਭਾਵ ਫਾਰਮ ਸਬਮਿਟ ਕਰਨ ਤੋਂ ਤੀਸਰੇ ਦਿਨ ਤੋਂ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(VI) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ **ਆਖਰੀ ਮਿਤੀ 02/01/2023** ਹੋਵੇਗੀ। **ਫੀਸ ਭਰਨ ਲਈ ਉਮੀਦਵਾਰ ਰਜਿਸਟਰੇਸ਼ਨ ਕਰਨ ਉਪਰੰਤ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿੱਕ ਕਰਕੇ "Upload Photo Sign/Pay Fee/Print Application" ਲਿੰਕ ਤੇ ਕਲਿਕ ਕਰਕੇ Login ਕਰਨਗੇ। ਬੋਰਡ ਦੀ ਵੈਬਸਾਈਟ ਤੇ Login ਕਰਨ ਲਈ Registration Number ਅਤੇ ਜਨਮ ਮਿਤੀ DD/MM/YYYY ਫਾਰਮੈਟ ਵਿੱਚ ਭਰਨੀ ਹੋਵੇਗੀ। ਆਨਲਾਈਨ ਫੀਸ ਭਰਨ ਲਈ ਬੈਂਕ ਦੀ ਵੈਬਸਾਈਟ ਤੇ LOGIN ਕਰਨ ਲਈ Registration Number ਅਤੇ ਜਨਮ ਮਿਤੀ DDMMYYYY ਫਾਰਮੈਟ ਵਿੱਚ ਭਰਨੀ ਹੋਵੇਗੀ।**

(VII) **ਉਮੀਦਵਾਰ Online Application Submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ “Upload Photo Sign/Pay Fee/Print Application” ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ।** ਉਮੀਦਵਾਰ Online Application Form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਲੈ ਕੇ **ਫੀਸ ਅਦਾ ਕਰਨ ਦੀ ਆਖਰੀ ਮਿਤੀ 02/01/2023** ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ ਕਿਸੇ ਵੀ ਦਿਨ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

(VIII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(IX) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(X) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(XI) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XII) Net Banking/Credit Card/Debit Card/UPI ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**9. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰੀਕ੍ਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਬਿਨੈ ਕਰਨ ਦੀ ਪ੍ਰੀਕ੍ਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਬਿਨੈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

**10. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ ਸਰਟੀਫਿਕੇਟ ਯੂ.ਜੀ.ਸੀ. ਦੁਆਰਾ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਮਾਨਤਾ ਪ੍ਰਾਪਤ ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ।

(iii) ਪਰਖਕਾਲ ਦੇ ਸਮੇਂ ਦੌਰਾਨ ਬਿਨਾ ਕਿਸੇ ਭੱਤਿਆਂ ਤੋਂ ਮੁੱਢਲੀ ਤਣਖਾਹ/ਡੀ.ਸੀ. ਰੇਟ ਮਿਲਣਯੋਗ ਹੋਵੇਗਾ। ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾਂ ਸ਼੍ਰੇਣੀ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ।

(v) ਇਨ੍ਹਾਂ ਅਸਾਮੀਆਂ ਦੀ ਕੈਟਗਾਰੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਸਬੰਧਤ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ, ਰਾਖਵਾਂਕਰਨ ਸਬੰਧੀ ਨੀਤੀ/ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economic weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ.01/03/2019-ਆਰ.ਸੀ.1/120 ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਸਮੇਂ ਸਮੇਂ ਤੇ ਹੋਰ ਵੀ ਜਾਰੀ ਕੀਤੀਆਂ ਗਈਆਂ ਹਦਾਇਤਾਂ/ਨਿਯਮਾਂ ਦੇ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਚੋਣ ਵਿਧੀ, Admit Card, ਨਤੀਜਾ, Merit List, ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਉਮੀਦਵਾਰ ਵੱਲੋਂ ਸਬੰਧਤ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲਬਧਤਾ ਮੁਤਾਬਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ, ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvii) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xviii) ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਮੈਰਿਟ ਅੰਕਾਂ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xix) ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xx) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xxi) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxii) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxiii) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxiv) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ helpsssb2216@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5103) ਅਤੇ 0172-2298083 ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxvi) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

**ਸਥਾਨ: ਐਸ.ਏ.ਐਸ. ਨਗਰ** **ਚੇਅਰਮੈਨ**

ਮਿਤੀ: 11/12/2022 ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ